# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :14-06-2026**

- ਜਨਗਣਨਾ-2027 ਤਹਿਤ ਪੰਜਾਬ 'ਚ ਮਕਾਨਾ ਦੇ ਸੂਚੀਕਰਨ ਅਤੇ ਗਣਨਾ ਦਾ ਪਹਿਲਾ ਗੇੜ ਤੈਅ ਸਮੇਂ 'ਚ ਮੁਕੰਮਲ ਹੋਇਆ I
- ਪੰਜਾਬ ਚੋਣ ਕਮਿਸ਼ਨ ਦੀਆਂ ਹਦਾਇਤਾਂ ਤਹਿਤ, ਦੀਨਾਨਗਰ ਦੇ ਬੂਥ ਨੰਬਰ 9 ਵਿੱਚ ਮੁੜ ਤੋਂ ਵੋਟਾਂ ਕੱਲ੍ਹ 15 ਜੂਨ ਨੂੰ I
- ਕੇਂਦਰੀ ਸਿਹਤ ਮੰਤਰੀ ਜਗਤ ਪ੍ਰਕਾਸ਼ ਨੱਡਾ ਨੇ ਵਿਸ਼ਵ ਖੂਨਦਾਤਾ ਦਿਵਸ 'ਤੇ, ਲੋਕਾਂ ਨੂੰ ਸਵੈ-ਇੱਛਾ ਨਾਲ ਖੂਨਦਾਨ ਕਰਨ ਦੀ ਅਪੀਲ ਕੀਤੀ।
- ਆਯੁਸ਼ ਮੰਤਰਾਲੇ ਨੇ ਅੱਜ ਯੂਟਿਊਬ 'ਤੇ ਆਯੋਜਿਤ ਲਾਈਵ ਯੋਗ ਸੈਸ਼ਨ ਰਾਹੀਂ ਇੱਕ ਨਵਾਂ ਗਿਨੀਜ਼ ਵਰਲਡ ਰਿਕਾਰਡ ਕਾਇਮ ਕੀਤਾ- 4 ਲੱਖ 35 ਹਜ਼ਾਰ ਤੋਂ ਵੱਧ ਲੋਕਾਂ ਨੇ ਲਿਆ ਹਿੱਸਾ।

- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਦੋ ਵੱਖ-ਵੱਖ ਮਾਮਲਿਆਂ ਵਿੱਚ ਦੋ ਮੁਲਜ਼ਮਾਂ ਨੂੰ 5 ਕਿਲੋ ਤੋਂ ਵੱਧ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ।
- ਔਰਤਾਂ ਦੇ ICC twenty–twenty ਕ੍ਰਿਕੇਟ ਵਿਸ਼ਵ ਕੱਪ 'ਚ, ਭਾਰਤ ਦਾ ਪਹਿਲਾ ਮੈਚ ਅੱਜ ਬਰ-ਮਿੰਘਮ 'ਚ ਸ਼ਾਮੀ 7 ਵਜੇ ਪਾਕਿਸਤਾਨ ਨਾਲ ਹੋਵੇਗਾ।

---------------------------------------------------------------------

ਮਰਦਮਸ਼ੁਮਾਰੀ 2027 ਤਹਿਤ  ਮਕਾਨਾ ਦੇ ਸੂਚੀਕਰਨ ਤੇ ਗਣਨਾ ਦਾ ਪਹਿਲਾ ਗੇੜ ਪੰਜਾਬ  'ਚ 15 ਮਈ   ਤੋਂ 13 ਜੂਨ 2026 ਤੱਕ ਨੋਟੀਫਾਈ ਸਮੇਂ ਦੌਰਾਨ ਸਫ਼ਲਤਾਪੂਰਵਕ ਪੂਰਾ ਹੋ ਗਿਆ ਏ I  ਮੁੱਖ ਮਦਰਮਸ਼ੁਮਾਰੀ ਅਧਿਕਾਰੀ ਅਤੇ ਸੰਚਾਲਨ ਨਿਰਦੇਸ਼ਕ ਡਾ. ਨਵਜੋਤ ਖੋਸਾ ਨੇ ਦੱਸਿਆ ਕਿ ਪਹਿਲੇ ਗੇੜ 'ਚ ਗਣਨਾ ਦਾ ਕੰਮ ਪੰਜਾਬ ਦੇ 23 ਜ਼ਿਲ੍ਹਿਆਂ ਅਤੇ 14 ਨਗਰ ਨਿਗਮਾਂ ਵਿੱਚ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ  ਯੋਜਨਾਬੱਧ ਅਤੇ ਕੁਸ਼ਲ ਗਣਨਾ ਦੀ ਸਹੂਲਤ ਲਈ  ਕੁੱਲ 52 ਹਜ਼ਾਰ 564 ਹਾਊਸ ਲਿਸਟਿੰਗ  ਬਲਾਕ ਬਣਾਏ ਗਏ ਸਨ |  ਉਨ੍ਹਾਂ

ਕਿਹਾ ਕਿ ਰਿਹਾਇਸ਼ੀ ਹਾਲਾਤ ਅਤੇ ਘਰੇਲੂ ਸਹੂਲਤਾਂ ਬਾਰੇ ਵਿਆਪਕ ਅੰਕੜੇ ਤਿਆਰ ਕਰਨ ਤੋਂ ਇਲਾਵਾ, ਮਕਾਨ ਸੂਚੀਕਰਨ ਕਾਰਜ ਨੇ ਜਨਗਣਨਾ ਦੇ ਦੂਜੇ ਗੇੜ ਲਈ ਜ਼ਰੂਰੀ ਢਾਂਚਾ ਪ੍ਰਦਾਨ ਕੀਤਾ ਏ । ਮਰਦਮਸ਼ੁਮਾਰੀ- 2027 ਭਾਰਤ ਵਿੱਚ 16ਵੀਂ ਅਤੇ ਆਜ਼ਾਦੀ ਤੋਂ ਬਾਅਦ 8ਵੀਂ ਮਰਦਮਸ਼ੁਮਾਰੀ ਹੋਵੇਗੀ।

---------------------------------------------------------------------------

ਕੱਲ੍ਹ ਗੁਰਦਾਸਪੁਰ ਦੀਆਂ ਤਿੰਨ ਮਿਊਨਿਸਿਪਲ ਕੌਂਸਲ, ਦੀਨਾਨਗਰ , ਕਾਦੀਆਂ ਅਤੇ ਗੁਰਦਾਸਪੁਰ ਵਿੱਚ ਹੋਈਆਂ ਚੋਣਾਂ ਅਤੇ ਹੁਸ਼ਿਆਰਪੁਰ ਦੇ ਸ਼ਾਮ ਚੌਰਾਸੀ ਵਿੱਚ ਹੋਈਆਂ ਚੋਣਾਂ ਅਮਨ-ਅਮਨ ਨਾਲ ਮੁਕੰਮਲ ਹੋਈਆਂ ਅਤੇ ਉਹਨਾਂ ਦੇ ਨਤੀਜੇ ਐਲਾਨ ਦਿੱਤੇ ਗਏ ਨੇ I ਪੰਜਾਬ ਚੋਣ ਕਮਿਸ਼ਨ ਮੁਤਾਬਿਕ ਗੁਰਦਾਸਪੁਰ ਮਿਊਨਿਸਿਪਲ ਕੌਂਸਲ ਦੀਆਂ 29 ਸੀਟਾਂ ਵਿੱਚੋਂ 21 ਕਾਂਗਰਸ ਨੇ ਅਤੇ 7 ਆਮ ਆਦਮੀ ਪਾਰਟੀ ਅਤੇ ਇੱਕ ਅਜ਼ਾਦ ਉਮੀਦਵਾਰ ਨੇ ਜਿੱਤੀ ਏ I ਦੀਨਾਨਗਰ ਮਿਊਨਿਸਿਪਲ ਕੌਂਸਲ ਦੀਆਂ 15 ਸੀਟਾਂ ਵਿੱਚੋਂ 7 ਕਾਂਗਰਸ, 6 ਆਮ ਆਦਮੀ ਪਾਰਟੀ ਅਤੇ ਇੱਕ BJP ਨੇ ਜਿੱਤੀ ਏ I ਕਾਦੀਆਂ ਵਿੱਚ 15 ਸੀਟਾਂ ਵਿੱਚੋਂ 6 ਸ਼੍ਰੋਮਣੀ ਅਕਾਲੀ

ਦਲ, 4 ਕਾਂਗਰਸ, 2 ਆਮ ਆਦਮੀ ਪਾਰਟੀ, ਇੱਕ BJP ਅਤੇ ਦੋ ਅਜ਼ਾਦ ਉਮੀਦਵਾਰਾਂ ਨੇ ਜਿੱਤੀਆਂ ਨੇ I ਹੋਸ਼ਿਆਰਪੁਰ ਦੇ ਸ਼ਾਮ ਚੌਰਾਸੀ ਮਿਊਨਿਸਿਪਲ ਕੌਂਸਲ ਦੀਆਂ 9 ਸੀਟਾਂ ਵਿੱਚੋਂ 6 ਆਮ ਆਦਮੀ ਪਾਰਟੀ ਨੇ, ਦੋ ਕਾਂਗਰਸ ਅਤੇ ਇੱਕ ਅਜ਼ਾਦ ਉਮੀਦਵਾਰ ਨੇ ਜਿੱਤੀ ਏ I ਬੀਤੀ ਦਿਨ ਨਗਰ ਕੌਂਸਲ ਦੀਨਾਨਗਰ ਦੀ ਵਾਰਡ ਨੰਬਰ 6 ਦੇ ਬੂਥ ਨੰਬਰ 9 ਵਿੱਚ ਵੋਟਿੰਗ ਮਸ਼ੀਨ ਵਿੱਚ ਤਕਨੀਕੀ ਖਰਾਬੀ ਆਉਣ ਕਾਰਨ ਚੋਣ ਮੁਲਤਵੀ ਹੋ ਗਈ ਸੀ। ਜ਼ਿਲ੍ਹਾ ਚੋਣ ਅਫਸਰ ਆਦਿਤਿਆ ਉੱਪਲ ਨੇ ਦੱਸਿਆ ਕਿ ਰਾਜ ਚੋਣ ਕਮਿਸ਼ਨ ਪੰਜਾਬ ਦੀਆਂ ਹਦਾਇਤਾਂ ਤਹਿਤ ਕੱਲ੍ਹ 15 ਜੂਨ ਦਿਨ ਸੋਮਵਾਰ ਨੂੰ ਦੀਨਾਨਗਰ ਵਿਖੇ ਵਾਰਡ ਨੰਬਰ 6 ਦੇ ਬੂਥ ਨੰਬਰ 9 ਵਿੱਚ ਵੋਟਾਂ ਮੁੜ ਤੋਂ ਪੈਣਗੀਆਂ। ਉਨ੍ਹਾਂ ਦੱਸਿਆ ਕਿ ਵੋਟਾਂ ਸਵੇਰੇ 8 ਤੋਂ ਸ਼ਾਮ 4 ਵਜੇ ਤੱਕ ਵੋਟਾਂ ਪੈਣਗੀਆਂ ਅਤੇ ਵੋਟਾਂ ਪੈਣ ਉਪਰੰਤ ਵੋਟਾਂ ਦੀ ਗਿਣਤੀ ਹੋਵੇਗੀ।

-----------------------------------------------------------------

ਕੇਂਦਰੀ ਸਿਹਤ ਮੰਤਰੀ ਜਗਤ ਪ੍ਰਕਾਸ਼ ਨੱਡਾ ਨੇ ਵਿਸ਼ਵ ਖੂਨਦਾਤਾ ਦਿਵਸ 'ਤੇ ਲੋਕਾਂ ਨੂੰ ਸਵੈ-ਇੱਛਾ ਨਾਲ ਖੂਨਦਾਨ ਕਰਨ ਦੀ ਅਪੀਲ

ਕੀਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਨੱਡਾ ਨੇ ਕਿਹਾ ਕਿ ਖੂਨਦਾਨ ਕਿਸੇ ਵਿਅਕਤੀ ਨੂੰ ਨਵਾਂ ਜੀਵਨ ਦੇਣ ਦਾ ਸਭ ਤੋਂ ਪ੍ਰਭਾਵਸ਼ਾਲੀ ਅਤੇ ਪਵਿੱਤਰ ਮੌਕਾ ਏ। ਉਨ੍ਹਾਂ ਨੇ ਖੂਨਦਾਨ ਦੀ ਮਹੱਤਤਾ ਬਾਰੇ ਜਾਗਰੂਕਤਾ ਵਧਾਉਣ 'ਤੇ ਜ਼ੋਰ ਦਿੱਤਾ। ਇਸ ਸਾਲ ਵਿਸ਼ਵ ਖੂਨਦਾਨ ਦਿਵਸ ਦਾ ਵਿਸ਼ਾ - ਮਨੁੱਖਤਾ ਦੀ ਇੱਕ ਬੂੰਦ - ਖੂਨਦਾਨ ਕਰੋ, ਜੀਵਨ ਬਚਾਓ ਰੱਖਿਆ ਗਿਆ ਏ।  ਵਿਸ਼ਵ ਖੂਨਦਾਨ ਦਿਵਸ ਹਰ ਸਾਲ 14 ਜੂਨ ਨੂੰ ਸੁਰੱਖਿਅਤ ਖੂਨ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨ ਅਤੇ ਸਵੈ-ਇੱਛਾ ਨਾਲ ਖੂਨਦਾਨ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਮਨਾਇਆ ਜਾਂਦਾ ਏ।

---------------------------------------------------------------------

ਆਯੁਸ਼ ਮੰਤਰਾਲੇ ਨੇ ਅੱਜ ਯੂਟਿਊਬ 'ਤੇ ਆਯੋਜਿਤ ਲਾਈਵ ਯੋਗ ਸੈਸ਼ਨ ਰਾਹੀਂ ਇੱਕ ਨਵਾਂ ਗਿਨੀਜ਼ ਵਰਲਡ ਰਿਕਾਰਡ ਕਾਇਮ ਕੀਤਾ। ਇਸ ਔਨਲਾਈਨ ਯੋਗਾ ਪ੍ਰੋਗਰਾਮ ਵਿੱਚ 4 ਲਖ 35 ਹਜ਼ਾਰ  ਤੋਂ ਵੱਧ ਲੋਕਾਂ ਨੇ ਹਿੱਸਾ ਲਿਆ। ਆਯੁਸ਼ ਮੰਤਰੀ ਪ੍ਰਤਾਪਰਾਓ ਜਾਧਵ ਨੇ ਕਿਹਾ ਕਿ ਇਹ ਪ੍ਰਾਪਤੀ ਦੁਨੀਆ ਭਰ ਵਿੱਚ ਯੋਗਾ ਦੀ ਵੱਧ ਰਹੀ ਪ੍ਰਸਿੱਧੀ ਨੂੰ ਦਰਸਾਉਂਦੀ

ਏ । ਉਨ੍ਹਾਂ ਲੋਕਾਂ ਨੂੰ ਯੋਗਾ ਨੂੰ ਆਪਣੀ ਰੋਜ਼ਾਨਾ ਰੁਟੀਨ ਦਾ ਹਿੱਸਾ ਬਣਾਉਣ ਦੀ ਅਪੀਲ ਕੀਤੀ। ਅੰਤਰ-ਰਾਸ਼ਟਰੀ ਯੋਗਾ ਦਿਵਸ ਦਾ ਮੁੱਖ ਸਮਾਗਮ 21 ਜੂਨ ਨੂੰ ਕੋਲਕਾਤਾ ਵਿੱਚ ਹੋਵੇਗਾ। ਇਸ ਸਾਲ ਦੇ ਯੋਗਾ ਦਿਵਸ ਦਾ ਵਿਸ਼ਾ "ਸਿਹਤਮੰਦ ਉਮਰ ਲਈ ਯੋਗਾ" ਰੱਖਿਆ ਗਿਆ ਏ

---

ਭਾਰਤੀ ਜਨਤਾ ਪਾਰਟੀ ਪੰਜਾਬ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਅੱਜ ਤਿੰਨ ਬੱਸਾਂ ਨੂੰ ਡਾ. ਭੀਮ ਰਾਓ ਅੰਬੇਡਕਰ ਨਾਲ ਸੰਬੰਧਿਤ ਪੰਚ ਤੀਰਥ ਸਥਾਨਾਂ ਦੀ ਯਾਤਰਾ ਲਈ ਰਵਾਨਾ ਕੀਤਾ। ਇਹ ਯਾਤਰਾ ਸ਼ਰਧਾਲੂਆਂ ਨੂੰ ਉਨ੍ਹਾਂ ਇਤਿਹਾਸਕ ਸਥਾਨਾਂ ਦੇ ਦਰਸ਼ਨ ਕਰਵਾਏਗੀ, ਜਿਨ੍ਹਾਂ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਵਿਕਸਿਤ ਅਤੇ ਸੰਵਾਰਿਆ ਗਿਆ ਏ । ਸ੍ਰੀ ਢਿੱਲੋਂ ਨੇ ਦੱਸਿਆ ਕਿ ਅੱਜ ਤੋਂ 21 ਜੂਨ ਤੱਕ ਚੱਲਣ ਵਾਲੀ ਇਹ ਯਾਤਰਾ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਦੇ ਜੀਵਨ ਨਾਲ ਜੁੜੇ ਪੰਜ ਪ੍ਰਮੁੱਖ ਤੀਰਥ ਸਥਾਨਾਂ ਤੱਕ ਪਹੁੰਚੇਗੀ। ਉਨ੍ਹਾਂ ਕਿਹਾ ਕਿ ਭਾਜਪਾ ਸਰਕਾਰ ਨੇ ਨਾ ਸਿਰਫ਼ ਇਨ੍ਹਾਂ ਤੀਰਥ ਸਥਾਨਾਂ ਨੂੰ ਹਜ਼ਾਰਾਂ ਕਰੋੜ ਰੁਪਏ ਦੀ ਲਾਗਤ ਨਾਲ ਵਿਕਸਿਤ ਕੀਤਾ ਹੈ, ਸਗੋਂ ਲੋਕਾਂ

ਨੂੰ ਉਨ੍ਹਾਂ ਦੇ ਇਤਿਹਾਸਕ ਅਤੇ ਸਮਾਜਿਕ ਮਹੱਤਵ ਬਾਰੇ ਜਾਗਰੂਕ ਕਰਨ ਲਈ ਵੀ ਵਿਸ਼ੇਸ਼ ਉਪਰਾਲੇ ਕੀਤੇ ਹਨ। ਯਾਤਰਾ ਦੌਰਾਨ ਸ਼ਰਧਾਲੂ ਮਹੂ (ਜਨਮ ਭੂਮੀ), ਦੀਕਸ਼ਾਭੂਮੀ ਨਾਗਪੁਰ, ਚੈਤਿਆ ਭੂਮੀ ਮੁੰਬਈ, ਮਹਾ-ਪਰਿ-ਨਿਰਵਾਣ ਸਥਲ ਦਿੱਲੀ ਅਤੇ ਦਿੱਲੀ ਵਿਖੇ ਸਥਾਪਿਤ ਵਰਚੁਅਲ ਸਿੱਖਿਆ ਭੂਮੀ ਦੇ ਦਰਸ਼ਨ ਕਰਨਗੇ।

------------------------------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਇੱਕ ਵੱਡੇ ਮਾਮਲੇ ਦੀ ਜਾਂਚ ਦੌਰਾਨ  ਦੋ ਹੋਰ ਮੁਲਜ਼ਮਾਂ ਨੂੰ ਗ੍ਰਿਫਤਾਰ ਕਰਦਿਆਂ ਦੋ ਵੱਖ-ਵੱਖ ਕਾਰਵਾਈਆਂ ਵਿੱਚ 5 ਕਿਲੋ ਤੋਂ ਵੱਧ  ਹੈਰੋਇਨ ਹੋਰ ਬਰਾਮਦ ਕੀਤੀ ਏ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਜਾਂਚ ਤੋਂ ਪਤਾ ਚੱਲਦਾ ਏ ਕਿ ਮੁਲਜ਼ਮ  ਦੁਬਈ-ਅਧਾਰਤ ਤਸਕਰ ਨਾਲ ਜੁੜੇ ਹੋਏ ਸਨ ਜੋ ਸਰਹੱਦ ਪਾਰੋਂ ਹੈਰੋਇਨ ਦੀ ਖੇਪ ਦੀ ਸਪਲਾਈ ਵਿੱਚ ਸਹਾਇਤਾ ਕਰ ਰਿਹਾ ਸੀ। ਇੱਕ ਵੱਖਰੇ ਆਪ੍ਰੇਸ਼ਨ ਵਿੱਚ, ਪੁਲਿਸ ਨੇ ਇੱਕ ਹੋਰ ਮੁਲਜ਼ਮ ਦੇ ਕਬਜ਼ੇ ਵਿੱਚੋਂ 3 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ, ਜਿਸ ਨਾਲ ਨੈੱਟਵਰਕ ਦੇ ਕਾਰਜਾਂ

ਅਤੇ ਸਬੰਧਾਂ ਬਾਰੇ ਹੋਰ ਜਾਣਕਾਰੀ ਮਿਲੀ। ਅੰਮ੍ਰਿਤਸਰ ਦੇ ਥਾਣਾ ਛੇਹਰਟਾ ਵਿਖੇ ਨਸ਼ਿਆਂ ਨੂੰ ਰੋਕਣ ਬਾਰੇ ਐਕਟ ਤਹਿਤ ਇੱਕ FIR ਦਰਜ ਕੀਤੀ ਗਈ ਏ । ਜ਼ਿਕਰਯੋਗ ਏ ਕਿ ਇਸ ਤੋਂ ਪਹਿਲਾਂ, ਤਿੰਨ ਨਾਬਾਲਗਾਂ ਸਮੇਤ 6 ਮੁਲਜ਼ਮਾਂ ਨੂੰ 30 ਕਿਲੋਗ੍ਰਾਮ ਹੈਰੋਇਨ ਨਾਲ ਗ੍ਰਿਫ਼ਤਾਰ ਕੀਤਾ ਗਿਆ ਸੀ। ਜਾਂਚ ਦੌਰਾਨ ਪੁਲਿਸ ਟੀਮਾਂ ਨੇ ਇੱਕ ਹੋਰ ਮੁਲਜ਼ਮ ਨੂੰ ਗ੍ਰਿਫ਼ਤਾਰ ਕੀਤਾ ਅਤੇ 2 ਕਿਲੋ ਤੋਂ ਵਧ ਹੈਰੋਇਨ ਬਰਾਮਦ ਕੀਤੀ, ਜਿਸ ਨਾਲ ਤਸਕਰੀ ਨੈੱਟਵਰਕ ਦੇ ਸਬੰਧਾਂ ਦਾ ਪਰਦਾਫਾਸ਼ ਹੋਇਆ।

--------------------------------------------------------------------

ਪੰਜਾਬ ਪੁਲਿਸ ਦੀ 'ਯੂਥ ਕਨੈਕਟੀਵਿਟੀ' ਪਹਿਲ ਤਹਿਤ ਚਲਾਏ ਜਾ ਰਹੇ 'ਸਟੂਡੈਂਟ ਪੁਲਿਸ ਕੈਡੇਟ ਪ੍ਰੋਗਰਾਮ ਨੂੰ ਸੂਬੇ ਭਰ ਦੇ ਵਿੱਦਿਅਕ ਅਦਾਰਿਆਂ ਤੋਂ ਭਾਰੀ ਸਮਰਥਨ ਅਤੇ ਉਤਸ਼ਾਹਜਨਕ ਹੁੰਗਾਰਾ ਮਿਲ ਰਿਹਾ ਏ । ਹੁਣ ਤੱਕ ਇਸ ਪ੍ਰੋਗਰਾਮ ਤਹਿਤ ਕੁੱਲ ਇਕ ਹਜ਼ਾਰ 965 ਇਨਡੋਰ ਅਤੇ 698 ਆਊਟਡੋਰ ਕਲਾਸਾਂ ਲਗਾਈਆਂ ਜਾ ਚੁੱਕੀਆਂ ਨੇ । ਜ਼ਿੰਮੇਵਾਰ ਨਾਗਰਿਕ ਤਿਆਰ ਕਰਨ, ਲੀਡਰਸ਼ਿਪ ਗੁਣ ਵਿਕਸਤ

ਕਰਨ, ਸਮਾਜਿਕ ਜਾਗਰੂਕਤਾ ਵਧਾਉਣ ਅਤੇ ਵਿਦਿਆਰਥੀਆਂ ਅਤੇ ਪੁਲਿਸ ਵਿਚਕਾਰ ਸੰਵਾਦ ਲਈ ਮੰਚ ਪ੍ਰਦਾਨ ਕਰਨ ਦੇ ਉਦੇਸ਼ ਨਾਲ ਸ਼ੁਰੂ ਕੀਤੇ ਗਏ ਇਸ ਪ੍ਰੋਗਰਾਮ ਨੂੰ ਸਕੂਲੀ ਵਿਦਿਆਰਥੀਆਂ ਵੱਲੋਂ ਬਹੁਤ ਹੀ ਸਕਾਰਾਤਮਕ ਹੁੰਗਾਰਾ ਮਿਲਿਆ ਏ । ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 22 ਅਗਸਤ, 2023 ਨੂੰ ਇਸ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਸੀ। ਪੰਜਾਬ ਪੁਲਿਸ ਦੇ ਮੁਖੀ ਗੌਰਵ ਯਾਦਵ ਦੀ ਅਗਵਾਈ ਹੇਠ ਸੂਬੇ ਦੇ ਚੋਣਵੇਂ 280 ਸਕੂਲਾਂ ਦੇ ਲਗਭਗ 11 ਹਜ਼ਾਰ 200 ਵਿਦਿਆਰਥੀ ਇਸ ਪ੍ਰੋਗਰਾਮ ਦਾ ਲਾਭ ਲੈ ਰਹੇ ਹਨ। ਇਸ ਪ੍ਰੋਗਰਾਮ ਬਾਰੇ ਮੋਹਾਲੀ ਦੇ DSP ਹਰਸਿਮਰਨ ਸਿੰਘ ਨੇ ਦਸਿਆ I BYTES :RNU140626

------------------------------------------------------------------------

ਪੰਜਾਬ ਸਾਈਕਲਿੰਗ ਐਸੋਸੀਏਸ਼ਨ ਵੱਲੋਂ ਵਿਸ਼ਵ ਸਾਈਕਲ ਦਿਵਸ ਸਬੰਧੀ ਸ੍ਰੀ ਮੁਕਤਸਰ ਸਾਹਿਬ ਦੇ ਸਰਕਾਰੀ ਕਾਲਜ, ਨੇੜੇ ਅਸ਼ਮਿਤਾ ਖੇਲੋ ਇੰਡੀਆ ਵਿਮੈਨ ਲੀਗ ਅਤੇ ਸਾਈਕਲ ਰੈਲੀ ਕਰਵਾਈ I ਇਸ ਵਿੱਚ ਵੱਖ-ਵੱਖ ਉਮਰ ਵਰਗ ਦੀਆਂ ਮਹਿਲਾ ਸਾਈਕਲ ਸਵਾਰਾਂ ਨੇ ਉਤਸ਼ਾਹ ਨਾਲ ਹਿਸਾ ਲਿਆ। ਇਸ ਮੁਕਾਬਲੇ ਦਾ ਮਕਸਦ ਮਹਿਲਾਵਾਂ

ਵਿੱਚ ਸਾਈਕਲਿੰਗ ਪ੍ਰਤੀ ਰੁਝਾਨ ਵਧਾਉਣਾ ਅਤੇ ਉਨ੍ਹਾਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਲਈ ਮੰਚ ਪ੍ਰਦਾਨ ਕਰਨਾ ਸੀ। ਐਸੋਸੀਏਸ਼ਨ ਦੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਪੰਜਾਬ ਵਿੱਚ ਸਾਈਕਲਿੰਗ ਖੇਡ ਨੂੰ ਉਤਸ਼ਾਹਿਤ ਕਰਨ ਲਈ ਐਸੋਸੀਏਸ਼ਨ ਵੱਲੋਂ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਨੇ । ਉਨ੍ਹਾਂ ਕਿਹਾ ਕਿ “ਅਸ਼ਮਿਤਾ ਖੇਲੋ ਇੰਡੀਆ ਵਿਮੈਨ ਲੀਗ' ਵਰਗੇ ਪ੍ਰੋਗਰਾਮ, ਮਹਿਲਾ ਖਿਡਾਰੀਆਂ ਨੂੰ ਅੱਗੇ ਆਉਣ ਅਤੇ ਰਾਸ਼ਟਰੀ ਪੱਧਰ 'ਤੇ ਆਪਣੀ ਪਛਾਣ ਬਣਾਉਣ ਲਈ ਇੱਕ ਵਧੀਆ ਮੰਚ ਪ੍ਰਦਾਨ ਕਰਦੇ ਨੇ । ਇਸਦਾ ਉਦੇਸ਼ ਪੰਜਾਬ ਦੀਆਂ ਵੱਧ ਤੋਂ ਵੱਧ ਕੁੜੀਆਂ ਤੇ ਮਹਿਲਾਵਾਂ ਨੂੰ ਖੇਡਾਂ ਨਾਲ ਜੋੜਨਾ ਅਤੇ ਆਪਣਾ ਭਵਿੱਖ ਰੌਸ਼ਨ ਕਰਨਾ ਏ ।ਉਨ੍ਹਾਂ ਕਿਹਾ ਕਿ ਸਾਈਕਲਿੰਗ ਸਿਰਫ਼ ਇੱਕ ਖੇਡ ਹੀ ਨਹੀਂ, ਸਗੋਂ ਸਿਹਤਮੰਦ ਜੀਵਨ ਅਤੇ ਵਾਤਾਵਰਨ ਦੀ ਸੰਭਾਲ ਲਈ ਵੀ ਬਹੁਤ ਮਹੱਤਵਪੂਰਨ ਏ । ਇਸ ਤਰ੍ਹਾਂ ਦੇ ਸਮਾਗਮ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਨੇ । ਸਮਾਗਮ ਦੇ ਅਖੀਰ ਵਿੱਚ ਜੇਤੂ ਖਿਡਾਰੀਆਂ ਨੂੰ ਸਨਮਾਨਿਤ ਕੀਤਾ ।

---------------------------------------------------------------------

ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨੇ ਕੁੜੀਆਂ ਦੇ ਹੋਸਟਲ ਨੰਬਰ 1 ਅਤੇ 2 ਵਿਚ 'ਬੀਜ ਤੋਂ ਬੂਟੇ  ਤੱਕ' ਸਿਰਲੇਖ ਵਾਲੀ ਇੱਕ ਸਿਖਲਾਈ ਵਰਕਸ਼ਾਪ ਦਾ ਆਯੋਜਨ ਕੀਤਾ । ਐਕਸਈਐਨ ਡਾ. ਅਨਿਲ ਠਾਕੁਰ ਨੇ ਵਿਹਾਰਕ ਸਿਖਲਾਈ ਪ੍ਰਦਾਨ ਕੀਤੀ ਅਤੇ ਟਿਕਾਊ ਬਾਗਬਾਨੀ ਅਭਿਆਸਾਂ ਦੀ ਮਹੱਤਤਾ ਨੂੰ ਉਜਾਗਰ ਕੀਤਾ। ਇੰਦੌਰ ਤੋਂ ਰਹਿੰਦ-ਖੂੰਹਦ ਪ੍ਰਬੰਧਨ ਮਾਹਰ,  ਸਵਾਤੀ ਚੌਹਾਨ ਨੇ ਰਹਿੰਦ-ਖੂੰਹਦ ਪ੍ਰਬੰਧਨ ਬਾਰੇ ਇੱਕ ਜਾਣਕਾਰੀ ਭਰਪੂਰ ਸੈਸ਼ਨ ਦਿੱਤਾ। ਊਨਾ ਭਾਗੀਦਾਰਾਂ ਨੂੰ ਵਾਤਾਵਰਣ ਲਈ ਜ਼ਿੰਮੇਵਾਰ ਅਭਿਆਸਾਂ ਨੂੰ ਅਪਣਾਉਣ ਲਈ ਉਤਸ਼ਾਹਿਤ ਕੀਤਾ।

---

ਬਠਿੰਡਾ ਦੇ ਮੁੱਖ ਖੇਤੀਬਾੜੀ ਅਫ਼ਸਰ ਡਾ. ਹਰਪ੍ਰੀਤ ਪਾਲ ਕੌਰ ਨੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਜਿੰਨ੍ਹਾਂ ਕਿਸਾਨਾਂ ਵੱਲੋਂ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਅਧੀਨ ਈ-ਕੇ. ਵਾਈ. ਸੀ  ਅਤੇ ਜ਼ਮੀਨ ਦੀ ਤਸਦੀਕ  ਨਹੀਂ ਕਰਵਾਈ ਗਈ ਏ ਤਾਂ ਉਹ ਕਿਸਾਨ ਵੀਰ ਅਗਲੀ ਕਿਸ਼ਤ ਪ੍ਰਾਪਤ ਕਰਨ ਲਈ 20 ਜੂਨ ਤੱਕ ਆਪਣੀ ਈ-ਕੇ.

ਵਾਈ. ਸੀ ਅਤੇ ਜ਼ਮੀਨ ਦੀ ਤਸਦੀਕ ਪ੍ਰਕਿਰਿਆ ਤੁਰੰਤ ਮੁਕੰਮਲ ਕਰਵਾਉਣ। ਉਨ੍ਹਾਂ ਦੱਸਿਆ ਕਿ ਕੇਂਦਰ ਸਰਕਾਰ ਵੱਲੋਂ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਹੇਠ ਲਾਭਪਾਤਰੀ ਕਿਸਾਨਾਂ ਲਈ ਈ-ਕੇਵਾਈਸੀ ਅਤੇ ਜ਼ਮੀਨ ਦੀ ਤਸਦੀਕ ਲਾਜ਼ਮੀ ਕੀਤੀ ਗਈ ਏ , ਤਾਂ ਕਿ ਉਨ੍ਹਾਂ ਨੂੰ ਯੋਜਨਾ ਦੀ ਅਗਲੀ ਕਿਸ਼ਤ ਪ੍ਰਾਪਤ ਕਰਨ ਵਿੱਚ ਦਿੱਕਤ ਨਾ ਆਵੇ। ਡਾ. ਹਰਪ੍ਰੀਤ ਪਾਲ ਕੌਰ ਨੇ ਕਿਹਾ ਕਿ ਕਿਸਾਨ ਵੀਰ ਆਪਣੇ ਨੇੜਲੇ ਕਾਮਨ ਸਰਵਿਸ ਸੈਂਟਰ, ਸੁਵਿਧਾ ਕੇਂਦਰ ਜਾਂ ਖੇਤੀਬਾੜੀ ਵਿਭਾਗ ਦੇ ਦਫ਼ਤਰ ਨਾਲ ਸੰਪਰਕ ਕਰਕੇ ਪ੍ਰਕਿਰਿਆ ਪੂਰੀ ਕਰਵਾ ਦੇ ਨੇ । ਕਿਸਾਨ ਪੀ.ਐਮ.-ਕਿਸਾਨ ਪੋਰਟਲ ’ਤੇ ਵੀ ਆਪਣੀ ਸਥਿਤੀ ਦੀ ਜਾਂਚ ਕਰ ਸਕਦੇ ਨੇ।

---------------------------------------------------------------------

ਔਰਤਾਂ ਦੇ ICC twenty – twenty ਕ੍ਰਿਕੇਟ ਵਿਸ਼ਵ ਕੱਪ 'ਚ ਭਾਰਤ ਦਾ ਪਹਿਲਾ ਮੈਚ ਅੱਜ ਪਾਕਿਸਤਾਨ ਨਾਲ ਹੋਵੇਗਾ। ਇਹ ਗਰੁੱਪ-ਏ ਮੈਚ ਬਰ-ਮਿੰਘਮ ਦੇ ਐਜ-ਬੈਸਟਨ ਵਿਖੇ ਭਾਰਤੀ ਸਮੇਂ ਮੁਤਾਬਿਕ ਸ਼ਾਮੀ 7 ਵਜੇ ਸ਼ੁਰੂ ਹੋਵੇਗਾ। ਭਾਰਤ ਨੇ ਹੁਣ ਤੱਕ ਮਹਿਲਾ twenty -20

ਅੰਤਰਰਾਸ਼ਟਰੀ ਮੈਚਾਂ ਵਿੱਚ 16 ਵਿੱਚੋਂ 13 ਮੈਚਾਂ ਵਿੱਚ ਪਾਕਿਸਤਾਨ ਨੂੰ ਹਰਾਇਆ ਏ। ਟੂਰਨਾਮੈਂਟ ਦੇ ਮੈਚ ਇੰਗਲੈਂਡ ਅਤੇ ਵੇਲਜ਼ ਵਿੱਚ ਖੇਡੇ ਜਾ ਰਹੇ ਨੇ। ਫਾਈਨਲ ਅਗਲੇ ਮਹੀਨੇ ਦੀ 5 ਤਰੀਕ ਨੂੰ ਲਾਰਡਜ਼ ਵਿੱਚ ਖੇਡਿਆ ਜਾਵੇਗਾ।

---------------------------------------------------------------------

- ਜਨਗਣਨਾ-2027 ਤਹਿਤ ਪੰਜਾਬ 'ਚ ਮਕਾਨਾ ਦੇ ਸੂਚੀਕਰਨ ਅਤੇ ਗਣਨਾ ਦਾ ਪਹਿਲਾ ਗੇੜ ਤੈਅ ਸਮੇਂ 'ਚ ਮੁਕੰਮਲ ਹੋਇਆ I
- ਪੰਜਾਬ ਚੋਣ ਕਮਿਸ਼ਨ ਦੀਆਂ ਹਦਾਇਤਾਂ ਤਹਿਤ, ਦੀਨਾਨਗਰ ਦੇ ਬੂਥ ਨੰਬਰ 9 ਵਿੱਚ ਮੁੜ ਤੋਂ ਵੋਟਾਂ ਕੱਲ੍ਹ 15 ਜੂਨ ਨੂੰ I
- ਕੇਂਦਰੀ ਸਿਹਤ ਮੰਤਰੀ ਜਗਤ ਪ੍ਰਕਾਸ਼ ਨੱਡਾ ਨੇ ਵਿਸ਼ਵ ਖ਼ੂਨਦਾਤਾ ਦਿਵਸ 'ਤੇ ਲੋਕਾਂ ਨੂੰ ਸਵੈ-ਇੱਛਾ ਨਾਲ ਖ਼ੂਨਦਾਨ ਕਰਨ ਦੀ ਅਪੀਲ ਕੀਤੀ।
- ਆਯੁਸ਼ ਮੰਤਰਾਲੇ ਨੇ ਅੱਜ ਯੂਟਿਊਬ 'ਤੇ ਲਾਈਵ ਯੋਗ ਸੈਸ਼ਨ ਰਾਹੀਂ ਇੱਕ ਨਵਾਂ ਗਿਨੀਜ਼ ਵਰਲਡ ਰਿਕਾਰਡ ਕਾਇਮ ਕੀਤਾ- 4 ਲੱਖ 35 ਹਜ਼ਾਰ ਤੋਂ ਵੱਧ ਲੋਕਾਂ ਨੇ ਲਿਆ ਹਿੱਸਾ।

- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਦੋ ਵੱਖ-ਵੱਖ ਮਾਮਲਿਆਂ ਵਿੱਚ ਦੋ ਮੁਲਜ਼ਮਾਂ ਨੂੰ 5 ਕਿਲੋ ਤੋਂ ਵੱਧ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ । ਅਤੇ
- ਔਰਤਾਂ ਦੇ ICC twenty–twenty ਕ੍ਰਿਕੇਟ ਵਿਸ਼ਵ ਕੱਪ 'ਚ, ਭਾਰਤ ਦਾ ਪਹਿਲਾ ਮੈਚ ਅੱਜ ਬਰ-ਮਿੰਘਮ 'ਚ ਸ਼ਾਮੀ 7 ਵਜੇ ਪਾਕਿਸਤਾਨ ਨਾਲ ਹੋਵੇਗਾ ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵਜੇ**

**ਨਮਸਕਾਰ !**